**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ.ਏ.ਐਸ ਨਗਰ।**

**ਐਟ ਪੰ.ਸ.ਸਿੱ ਬੋਰਡ ਕੰਪਲੈਕਸ, ਫੇਜ-VIII, ਐਸ.ਏ.ਐਸ ਨਗਰ**

**(ਪਬਲਿਕ ਨੋਟਿਸ)**

**ਮੀਮੋ ਨੰਃ ਟਰਾਂਸਫਰ ਸੈੱਲ/ਬਦਲੀਆਂ/2026666102/9** **ਮਿਤੀਃਐਸ.ਏ.ਐਸ ਨਗਰਃ 15.07.2026**

1.0 ਸਾਲ 2026 ਦੀਆਂ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਅਤੇ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ., ਏ.ਆਈ.ਈ, ਐਸ.ਟੀ.ਆਰ. ਵਲੰਟੀਅਰਜ, ਆਈ.ਈ.ਵਲੰਟੀਅਰਜ ਜੋ ਪਾਲਿਸੀ ਅਨੁਸਾਰ ਕਵਰ ਹੁੰਦੇ ਸਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਸਨ, ਪਾਸੋਂ ਜਨਤਕ ਸੂਚਨਾਵਾਂ ਜਾਰੀ ਕਰਦੇ ਹੋਏ ਮਿਤੀ 22.05.2026 ਤੱਕ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਉਸ ਉਪਰੰਤ ਦਰਖਾਸਤਕਰਤਾ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸਦੀ ਤਸਦੀਕ ਬੀਪੀਈਓ/ਡੀਡੀਓ ਵੱਲੋਂ ਮਿਤੀ 25.06.2026 ਤੋਂ 28.06.2026 ਤੱਕ ਕੀਤੀ ਗਈ ਸੀ।

2.0 ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕਰਨ ਸਬੰਧੀ Station Choice ਲੈਣ ਉਪਰੰਤ ਜੋ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਸਨ, ਉਨ੍ਹਾਂ ਦੇ ਹੁਕਮ ਮਿਤੀ 27.06.2026 ਅਤੇ 11.07.2026 ਨੂੰ ਜਾਰੀ ਕੀਤੇ ਗਏ ਹਨ।

3.0 ਵਿਭਾਗ ਵੱਲੋਂ ਬਦਲੀਆਂ ਦੇ ਦੂਜੇ ਗੇੜ ਦੌਰਾਨ ਜਿਲ੍ਹੇ ਤੋਂ ਬਾਹਰ (Inter District) ਬਦਲੀਆਂ ਕਰਵਾਉਣ ਸਬੰਧੀ ਮੌਕਾ ਦਿੱਤਾ ਜਾਂਦਾ ਹੈ। ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ Station Choice ਮਿਤੀ 15.07.2026 ਤੋਂ 16.07.2026 ਰਾਤ 12:00 ਵਜੇ ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log In ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ Epunjabschoolportal ਤੇ ਉਪਲਭਧ ਹੈ।

ਸਹਾਇਕ ਡਾਇਰੈਕਟਰ (ਅਮਲਾ-1)